# ਦਫਤਰ ਜਿਲ੍ਹਾ ਸਿੱਖਿਆ ਅਫਸਰ (ਐ:ਸਿ) ਪਠਾਨਕੋਟ

[illegible] Email: deopathankot@punjabeducation.gov.in

ਸੰਚਾਲਕ ਸਕੂਲ ਮੁੱਖੀ / ਮੈਨੇਜਰ
ਜਿਲਾ ਪਠਾਨਕੋਟ।
ਸੰਬੰਧਤ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ
ਜਿਲਾ ਪਠਾਨਕੋਟ।
ਪੱਤਰ ਨੰ:RTE/ **202156556** ਮਿਤੀ ਪਠਾਨਕੋਟ: 11.02.2021

ਵਿਸ਼ਾ:- 6-14 ਸਾਲ ਦੇ ਬੱਚਿਆਂ ਨੂੰ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ 2011 ਦੇ ਨਿਯਮ 7 ਉਪ ਨਿਯਮ (4) ਬੱਚਿਆਂ ਨੂੰ ਮੁਫਤ ਅਤੇ ਲਾਜਮੀ ਸਿੱਖਿਆ ਦੇ ਐਕਟ 2009 ਲਈ ਮਾਨਤਾ ਸੈਕਸ਼ਨ 18 ਦੇ ਉਦੇਸ਼ ਲਈ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਐਕਟ 2009 ਲਈ ਮਾਨਤਾ ਨਵਿਆਉਣ/ਜਾਰੀ ਕਰਨ ਸਬੰਧੀ।

ਸ੍ਰੀ ਮਾਨ/ਮਤੀ ਜੀ,

ਆਪ ਜੀ ਰਾਹੀਂ ਪ੍ਰਾਪਤ ਪ੍ਰਤੀ ਬੇਨਤੀ ਅਤੇ ਬਾਅਦ ਵਿੱਚ ਇਸ ਸਬੰਧੀ ਕੀਤੇ ਪੱਤਰ ਵਿਹਾਰ/ਪੜਤਾਲ ਦੇ ਹਵਾਲੇ ਵਿੱਚ ਨਿਮਨਹਸਤਾਖਰੀ ਵੱਲੋਂ ਹੇਠ ਲਿਖੇ ਸਕੂਲਾਂ ਨੂੰ ਜਮਾਤ ਪਹਿਲੀ ਤੋਂ ਜਮਾਤ ਅਠਵੀਂ ਲਈ ਮਿਤੀ 01-04-2020 ਤੋਂ 31-03-2023 ਤੱਕ ਮਾਨਤਾ ਜਾਰੀ/ਨਵਿਆਈ ਜਾਂਦੀ ਹੈ।

| Sr. No. | RTE CODE | SCHOOL NAME | BLOCK |
|---|---|---|---|
| 1 | 2107 | LITTLE ANGEL SCH. BASAU BARWAN | BAMIAL |
| 2 | 2116 | SDSR VIDYA MANDIR SCHOOL BAMIAL | BAMIAL |
| 3 | 2119 | ADARSH SHISHU VATIKA PUBLIC SCHOOL MODEL TOWN PATHANKOT | PATHANKOT-3 |
| 4 | 2136 | VIDYA MANDIR PUBLIC SR.SEC.SCHOOL SHIVAJI NAGAR PATHANKOT | PATHANKOT-3 |
| 5 | 2171 | PRESENTATION PUBLIC SCHOOL BHOON | DHAR-1 |
| 6 | 2266 | PRESENTATION PUBLIC SCHOOL JUGIAL | DHAR-2 |
| 7 | 2267 | GANDHI MEMORIAL HIGH SCHOOL SUJANPUR | DHAR-2 |
| 8 | 2294 | SANDEEPNI GURUKUL KAUNTERPUR | PATHANKOT-1 |

ਹੇਠ ਲਿਖਿਆਂ ਸ਼ਰਤਾਂ ਦੀ ਪੂਰਤੀ ਤੋ ਬਾਅਦ ਹੀ ਇਹ ਮੰਜ਼ੂਰੀ ਸਹੀ ਮੰਨੀ ਜਾਵੇਗੀ।

ਸ਼ਰਤਾਂ:

1: ਮਾਨਤਾ ਦੀ ਮੰਜ਼ੂਰੀ ਦਾ ਸਮਾਂ ਵਧਾਇਆ ਨਹੀ ਜਾ ਸਕਦਾ ਅਤੇ ਕਿਸੇ ਵੀ ਸੂਰਤ ਵਿੱਚ ਅੱਠਵੀ ਸ੍ਰੇਣੀ ਤੋ ਅੱਗੇ ਮਾਨਤਾ/ਐਫੀਲੇਸ਼ਨ ਲਈ ਵਚਨਵੱਧ ਨਹੀ ਹੈ।

2: ਸਕੂਲ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਕਾਨੂੰਨ 2009(ਅਨੇਕਚਰ 1) ਅਤੇ ਬੱਚਿਆਂ ਦੇ ਲਾਜਮੀ ਅਤੇ ਮੁਫਤ ਸਿੱਖਿਆ ਦੇ ਨਿਯਮ 2011(ਅਨੈਕਚਰ 2) ਦੀ ਇੰਨਬਿੰਨ ਪਾਲਣਾ ਕਰੇਗਾ।

3: ਸਕੂਲ ਪਹਿਲੀ ਸ੍ਰੇਣੀ ਵਿੱਚ ਦਾਖਲਾ ਕਰੇਗਾ ਅਤੇ ਕਲਾਸ ਦੀ 25 ਪ੍ਰਤੀਸ਼ਤ ਉਸ ਵਿੱਚ ਸਾਰੇ ਵਿਦਿਆਰਥੀ ਜੋ ਕਮਜੋਰ ਵਰਗ ਅਤੇ ਗੈਰ ਲਾਭਦਾਇਕ ਵਰਗ ਜੋ ਕਿ ਉਹਨਾ ਦੇ ਗੁਆਂਡ ਵਿੱਚ ਹੋਣਗੇ ਨੂੰ ਐਲੀਮੈਂਟਰੀ ਸਿੱਖਿਆ ਦੀ ਸਮਾਪਤੀ ਤੱਕ ਮੁਫਤ ਅਤੇ ਲਾਜਮੀ ਸਿੱਖਿਆ ਪ੍ਰਦਾਨ ਕਰਵਾਏਗਾ।ਬਸਰਤੇ ਪ੍ਰੀ ਪ੍ਰਾਇਮਰੀ ਸ੍ਰੇਣੀਆਂ ਉਤੇ ਵੀ ਇਹ ਨਿਯਮ ਲਾਗੂ ਹੋਵੇਗਾ।

4: ਪੈਰਾ ਨੰ:3 ਵਿੱਚ ਦਰਸਾਏ ਵਿਦਿਆਰਥੀਆਂ ਦੇ ਲਈ ਸਕੂਲ,ਕਾਨੂੰਨ ਦੇ ਸੈਕਸ਼ਨ 12 ਦੇ ਸਬ 'ਸੈਕਸ਼ਨ 2 ਅਨੁਸਾਰ ਦੀ ਪੂਰਤੀ ਕਰੇਗਾ ਅਤੇ ਇਸ ਪ੍ਰਤੀ ਪੂਰਤੀ ਲਈ ਇੱਕ ਵੱਖਰਾ ਬੈਂਕ ਖਾਤਾ ਮਹੁੱਈਆ ਕਰਵਾਏਗਾ।

5: ਸਕੂਲ ਕੋਈ ਵੀ ਜਬਰੀ ਫੀਸ ਕਿਸੇ ਮਾਪਿਆਂ ਤੋ ਜਾਂ ਸਰਪ੍ਰਸਤ ਤੋ ਕਿਸੇ ਵੀ ਕਾਰਵਾਈ ਲਈ ਇਕੱਠੀ ਨਹੀ ਕਰੇਗਾ।

6: ਸਕੂਲ ਕਿਸੇ ਨੂੰ ਵੀ ਦਾਖਲੇ ਤੋ ਮਨਾਂ ਨਹੀ ਕਰੇਗਾ:-
(ੳ) ਕਿਸੇ ਵੀ ਬੱਚੇ ਨੂੰ ਜਿਸ ਕੋਲ ਜਨਮ ਦਾ ਸਬੂਤ ਨਾ ਹੋਵੇ ਜਾਂ
(ਅ) ਜੇਕਰ ਅਜਿਹੇ ਬੱਚੇ ਨੂੰ ਦਰਸਾਏ ਜਾਂ ਵਧਾਏ ਸਮੇ ਦੌਰਾਨ(ਦਾਖਲਾ ਦੇਣ ਲਈ) ਜੇਕਰ ਦਾਖਲਾ ਦੇ ਦਿੱਤਾ ਜਾਂਦਾ ਹੈ।
(ੲ) ਧਰਮ ,ਜਾਤ,ਪਾਤ,ਜਨਮ ਅਸਥਾਨ ਜਾਂ ਇਹਨਾ ਕਾਰਨਾ ਦੇ ਅਧਾਰ ਤੇ।

7: ਸਕੂਲ ਯਕੀਨੀ ਬਣਾਏਗਾ:
(ੳ) ਕੋਈ ਵੀ ਦਾਖਲ ਵਿਦਿਆਰਥੀ ਕਿਸੇ ਵੀ ਸ੍ਰੇਣੀ ਵਿੱਚ ਰੋਕਿਆ ਜਾਂ ਕੱਢਿਆ ਨਹੀ ਜਾ ਸਕਦਾ ਜਦੋਂ ਤੱਕ ਉਸ ਦੀ ਐਲੀਮੈਂਟਰੀ ਸਿੱਖਿਆ ਪੂਰੀ ਨਹੀ ਹੋ ਜਾਂਦੀ।
(ਅ) ਕਿਸੇ ਵੀ ਵਿਦਿਆਰਥੀ ਨੂੰ ਸਰੀਰਕ ਜਾਂ ਮਾਨਸਿਕ ਦੰਡ ਨਹੀ ਦਿੱਤਾ ਜਾਵੇਗਾ।

11/2/21



For Sandeepni Gurukul
Principal